# ਪੰਜਾਬ ਸਕੂਲ ਸਿੱਖਿਆ ਬੋਰਡ

## ਰਜਿਸਟ੍ਰੇਸ਼ਨ / ਕੰਟੀਨਿਊਸ਼ਨ ਰਿਵਾਈਜ਼ਡ ਸ਼ਡਿਊਲ

ਪੰਜਾਬ ਰਾਜ ਵਿੱਚ ਭਾਰੀ ਮੀਂਹ ਅਤੇ ਹੜ੍ਹਾਂ ਕਾਰਨ ਪੈਦਾ ਹੋਏ ਹਾਲਾਤਾਂ ਨੂੰ ਦੇਖਦਿਆਂ ਹੋਇਆਂ ਪੰਜਾਬ ਸਰਕਾਰ ਵੱਲੋਂ ਰਾਜ ਦੇ ਸਮੂਹ ਸਕੂਲ 03 ਸਤੰਬਰ 2025 ਤੱਕ ਬੰਦ ਰੱਖਣ ਦੇ ਹੁਕਮਾਂ ਦੇ ਮੱਦੇਨਜ਼ਰ ਬੋਰਡ ਵੱਲੋਂ **ਅਕਾਦਮਿਕ ਸਾਲ** 2025-26 ਲਈ **ਦਾਖਲੇ ਦੀ ਮਿਤੀ ਵਿੱਚ** 10 ਸਤੰਬਰ ਤੱਕ **ਵਾਧਾ ਕਰਨ ਕਰਕੇ ਅੱਠਵੀਂ ਤੋਂ** ਬਾਰ੍ਹਵੀਂ ਸ਼੍ਰੇਣੀ ਦੇ ਵਿਦਿਆਰਥੀਆਂ ਦੀ ਆਨ-ਲਾਈਨ ਰਜਿਸਟ੍ਰੇਸ਼ਨ/**ਕੰਟੀਨਿਊਸ਼ਨ ਕਰਨ ਸਬੰਧੀ** ਮਿਤੀ **12-05-25** ਰਾਹੀ ਪਹਿਲਾਂ ਜਾਰੀ ਕੀਤੇ ਗਏ ਸ਼ਡਿਊਲ/ਰਿਵਾਈਜ਼ਡ ਸ਼ਡਿਊਲ ਦੀ ਲਗਾਤਾਰਤਾ ਵਿੱਚ ਹੇਠ ਲਿਖੇ ਅਨੁਸਾਰ ਵਾਧਾ / ਤਬਦੀਲੀ **ਕਰਦੇ ਹੋਏ ਰਿਵਾਈਜ਼ਡ ਸ਼ਡਿਊਲ ਨਿਰਧਾਰਿਤ ਕੀਤਾ ਜਾਂਦਾ ਹੈ** :-

**ਰਜਿਸਟ੍ਰੇਸ਼ਨ / ਕੰਟੀਨਿਊਸ਼ਨ ਦੀਆਂ ਮਿਤੀਆਂ ਦਾ ਰਿਵਾਈਜ਼ਡ ਸ਼ਡਿਊਲ (ਤੀਜੀ ਵਾਰ)**

| ਅੱਠਵੀਂ ਤੋਂ ਬਾਰ੍ਹਵੀਂ ਸ਼੍ਰੇਣੀ (ਪਹਿਲਾਂ ਜਾਰੀ ਸ਼ਡਿਊਲ ਅਨੁਸਾਰ ਚਾਲੂ ਲੇਟ ਫੀਸ) | ਆਫ-ਲਾਈਨ ਫੀਸ ਚਲਾਨ ਜਨਰੇਟ ਕਰਨ ਦੀ ਆਖਰੀ ਮਿਤੀ | ਆਫ-ਲਾਈਨ ਫੀਸ ਚਲਾਨ ਬੈਂਕ ਵਿੱਚ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ | ਆਨ-ਲਾਈਨ ਐਂਟਰੀ ਅਤੇ ਫੀਸ ਜਮ੍ਹਾਂ ਕਰਵਾਉਣ ਦੀ ਆਖਰੀ ਮਿਤੀ |
|---|---|---|---|
| 1500/-ਰੁ: ਲੇਟ ਫੀਸ ਨਾਲ | 15-09-2025 | 19-09-2025 | 19-09-2025 |

**ਨੋਟ :-**

**(1)** ਜਿਹੜੇ ਸਕੂਲਾਂ ਨੇ ਪਹਿਲਾਂ ਚਲਾਨ ਜਨਰੇਟ ਕਰ ਲਿਆ ਹੈ, ਉਹਨਾਂ ਸਕੂਲਾਂ ਵਾਸਤੇ ਚਲਾਨ ਉੱਪਰ ਦਰਜ Challan Valid Date ਤੱਕ ਬੈਂਕ ਵਿੱਚ ਫੀਸ ਜਮ੍ਹਾਂ ਕਰਵਾਉਣਾ ਲਾਜ਼ਮੀ ਹੈ। ਉਹਨਾਂ ਸਕੂਲਾਂ ਨੂੰ Challan Valid Date ਵਿੱਚ ਕਿਸੇ ਕਿਸਮ ਦੀ ਕੋਈ ਛੋਟ ਨਹੀ ਦਿੱਤੀ ਜਾਵੇਗੀ। Challan Valid Date ਖਤਮ (End) ਹੋਣ ਤੋਂ ਬਾਅਦ ਹੀ ਨਿਰਧਾਰਿਤ ਸ਼ਡਿਊਲ ਅਨੁਸਾਰ ਨਵਾਂ ਚਲਾਨ ਰੀ-ਜਨਰੇਟ ਕੀਤਾ ਜਾ ਸਕਦਾ ਹੈ।

**(2)** ਸਕੂਲਾਂ ਵੱਲੋਂ ਜਿੰਨਾਂ ਵਿਦਿਆਰਥੀਆਂ ਨੂੰ ਆਨ-ਲਾਈਨ ਰਜਿਸਟਰਡ ਕੀਤਾ ਜਾ ਚੁੱਕਾ ਹੈ, ਉਹਨਾਂ ਵਿੱਚੋਂ ਜੇਕਰ ਕਿਸੇ ਵਿਦਿਆਰਥੀ ਨੇ ਆਪਣਾ ਸਕੂਲ ਛੱਡਕੇ ਦੂਸਰੇ ਸਕੂਲ ਵਿੱਚ ਦਾਖਲਾ ਲੈਣਾ ਹੈ ਤਾਂ ਉਸਨੂੰ ਸਕੂਲ ਤੋਂ ਸਕੂਲ ਮਾਈਗ੍ਰੇਸ਼ਨ ਕਰਵਾਉਣੀ ਲਾਜ਼ਮੀ ਹੈ।

**(3) ਉਪਰੋਕਤ ਤੋਂ ਇਲਾਵਾ ਪਹਿਲਾਂ ਜਾਰੀ ਕੀਤੇ ਗਏ ਸ਼ਡਿਊਲ/ਹਦਾਇਤਾਂ ਵਿੱਚ ਦਰਜ਼ ਕੀਤੀਆਂ ਗਈਆਂ ਸ਼ਰਤਾਂ ਹੁਣ ਜਾਰੀ ਕੀਤੇ ਜਾ ਰਹੇ ਰਿਵਾਈਜ਼ਡ ਸ਼ਡਿਊਲ 'ਤੇ ਵੀ ਇੰਨ-ਬਿੰਨ ਲਾਗੂ ਰਹਿਣਗੀਆਂ।**

02/09/2025

**ਸੁਪਰਡੰਟ**

**( ਰਜਿਸਟਰੇਸ਼ਨ ਸ਼ਾਖਾ)**